ਸਿਰੀਰਾਗੁ ਮਹਲਾ ੫ ॥ ਦੁਕ੍ਰਿਤ ਸੁਕ੍ਰਿਤ ਮੰਧੇ ਸੰਸਾਰੁ ਸਗਲਾਣਾ ॥ ਦੁਹਹੂੰ ਤੇ ਰਹਤ ਭਗਤੁ ਹੈ ਕੋਈ ਵਿਰਲਾ ਜਾਣਾ ॥ ੧॥ ਠਾਕੁਰੁ ਸਰਬੇ ਸਮਾਣਾ ॥ ਕਿਆ ਕਹਉ ਸੁਣਉ ਸੁਆਮੀ ਤੂੰ ਵਡ ਪੁਰਖੁ ਸੁਜਾਣਾ ॥੧॥ ਰਹਾਉ ॥ ਮਾਨ ਅਭਿਮਾਨ ਮੰਧੇ ਸੋ ਸੇਵਕੁ ਨਾਹੀ ॥ ਤਤ ਸਮਦਰਸੀ ਸੰਤਹੁ ਕੋਈ ਕੋਟਿ ਮੰਧਾਹੀ ॥੨॥ ਕਹਨ ਕਹਾਵਨ ਇਹੁ ਕੀਰਤਿ ਕਰਲਾ ॥ ਕਥਨ ਕਹਨ ਤੇ ਮੁਕਤਾ ਗੁਰਮੁਖਿ ਕੋਈ ਵਿਰਲਾ ॥੩॥ ਗਤਿ ਅਵਿਗਤਿ ਕਛੁ ਨਦਰਿ ਨ ਆਇਆ ॥ ਸੰਤਨ ਕੀ ਰੇਣੁ ਨਾਨਕ ਦਾਨੁ ਪਾਇਆ ॥੪॥੨੬॥੯੬॥ {ਪੰਨਾ 51}

ਪਦਅਰਥ:- ਦੁਕ੍ਰਿਤ—(ਸ਼ਾਸਤ੍ਰਾਂ ਅਨੁਸਾਰ ਮਿਥੇ ਹੋਏ) ਮਾੜੇ ਕਰਮ। ਸੁਕ੍ਰਿਤ—(ਮਿਥੇ ਹੋਏ) ਚੰਗੇ ਕੰਮ। ਮੰਧੇ—ਵਿਚ। ਸਗਲਾਣਾ—ਸਾਰਾ। ਜਾਣਾ—ਜਾਣਿਆ।1।

ਠਾਕੁਰੁ—ਪਾਲਣਹਾਰ। ਸਰਬੇ—ਸਭ ਜੀਵਾਂ ਵਿਚ। ਕਿਆ ਕਹਉ—(ਕਹਉਂ) ਮੈਂ ਕੀਹ ਆਖਾਂ? ਕਿਆ ਸੁਣਉ—(ਸੁਣਉਂ), ਮੈਂ ਕੀਹ ਸੁਣਾ? ਸੁਆਮੀ—ਹੇ ਸੁਆਮੀ! ਸੁਜਾਣਾ—ਸਭ ਦੇ ਦਿਲ ਦੀ ਜਾਣਨ ਵਾਲਾ।1। ਰਹਾਉ।

ਮਾਨ—ਆਦਰ। ਅਭਿਮਾਨ—ਅਪਮਾਨ, ਨਿਰਾਦਰੀ। ਤਤ—ਮੂਲ-ਪ੍ਰਭੂ। ਤਤ ਦਰਸੀ—ਹਰ ਥਾਂ ਮੂਲ-ਪ੍ਰਭੂ ਨੂੰ ਵੇਖਣ ਵਾਲਾ। ਸਮ ਦਰਸੀ—ਸਭ ਨੂੰ ਇਕੋ ਜਿਹਾ ਵੇਖਣ ਵਾਲਾ। ਕੋਟਿ—ਕ੍ਰੋੜਾਂ। ਮੰਧਾਹੀ—ਵਿਚ।2।

ਕੀਰਤਿ—ਸੋਭਾ, ਵਡਿਆਈ। ਕਰਲਾ—ਰਸਤਾ। ਤੇ—ਤੋਂ। ਮੁਕਤਾ—ਆਜ਼ਾਦ, ਬਚਿਆ ਹੋਇਆ। ਗੁਰਮੁਖਿ—ਗੁਰੂ ਦੀ ਸਰਨ ਪਿਆ ਹੋਇਆ ਮਨੁੱਖ।3।

ਗਤਿ—ਮੁਕਤੀ। ਅਵਿਗਤਿ—ਮੁਕਤੀ ਦੇ ਉਲਟ ਹਾਲਤ। ਰੇਣੁ—ਚਰਨ-ਧੂੜ।4।

ਅਰਥ:- ਹੇ ਸੁਆਮੀ! ਤੂੰ ਸਭ ਜੀਵਾਂ ਵਿਚ ਸਮਾਇਆ ਹੋਇਆ ਹੈਂ, ਤੇ ਸਭ ਦਾ ਪਾਲਣ ਵਾਲਾ ਹੈਂ। ਤੂੰ ਸਭ ਤੋਂ ਵੱਡਾ ਹੈਂ, ਸਭ ਵਿਚ ਵਿਆਪਕ ਹੈਂ, ਸਭ ਦੇ ਦਿਲ ਦੀ ਜਾਣਨ ਵਾਲਾ ਹੈਂ, (ਹੇ ਸੁਆਮੀ! ਇਸ ਤੋਂ ਵੱਧ ਤੇਰੀ ਬਾਬਤ) ਮੈਂ (ਹੋਰ ਕੀਹ ਆਖਾਂ ਤੇ ਕੀਹ ਸੁਣਾਂ?।1। ਰਹਾਉ।

(ਹੇ ਭਾਈ!) ਸਾਰਾ ਜਗਤ (ਸ਼ਾਸਤ੍ਰਾਂ ਅਨੁਸਾਰ ਮਿਥੇ ਹੋਏ) ਮੰਦੇ ਕਰਮਾਂ ਤੇ ਚੰਗੇ ਕਰਮਾਂ (ਦੀ ਵਿਚਾਰ) ਵਿਚ ਹੀ ਰੁੱਝਾ ਹੋਇਆ ਹੈ। ਪਰਮਾਤਮਾ ਦੀ ਭਗਤੀ ਕਰਨ ਵਾਲਾ ਮਨੁੱਖ ਇਹਨਾਂ ਦੋਹਾਂ ਵਿਚਾਰਾਂ ਤੋਂ ਹੀ ਲਾਂਭੇ ਰਹਿੰਦਾ ਹੈ (ਕਿ ਸ਼ਾਸਤ੍ਰ ਅਨੁਸਾਰ 'ਦੁਕ੍ਰਿਤ' ਕੇਹੜੇ ਹਨ ਤੇ 'ਸੁਕ੍ਰਿਤ' ਕੇਹੜੇ ਹਨ), ਪਰ ਅਜੇਹਾ ਬੰਦਾ ਕੋਈ ਵਿਰਲਾ ਹੀ ਲੱਭਦਾ ਹੈ।1।

ਹੇ ਸੰਤ ਜਨੋ! ਸਭ ਥਾਂ ਜਗਤ ਦੇ ਮੂਲ-ਪ੍ਰਭੂ ਨੂੰ ਵੇਖਣ ਵਾਲਾ ਤੇ ਸਭ ਨੂੰ ਇਕੋ ਜਿਹੀ ਪ੍ਰੇਮ ਦੀ ਨਿਗਾਹ ਨਾਲ ਵੇਖਣ ਵਾਲਾ ਬੰਦਾ ਕ੍ਰੋੜਾਂ ਵਿਚੋਂ ਕੋਈ ਇੱਕ ਹੁੰਦਾ ਹੈ। ਜੇਹੜਾ ਬੰਦਾ (ਜਗਤ ਵਲੋਂ ਮਿਲਦੇ) ਆਦਰ ਜਾਂ ਨਿਰਾਦਰੀ (ਦੇ ਅਹਿਸਾਸ) ਵਿਚ ਫਸਿਆ ਰਹਿੰਦਾ ਹੈ, ਉਹ ਪਰਮਾਤਮਾ ਦਾ ਅਸਲ ਸੇਵਕ ਨਹੀਂ (ਅਖਵਾ ਸਕਦਾ)। 2

(ਗਿਆਨ ਆਦਿਕ ਦੀਆਂ ਗੱਲਾਂ ਨਿਰੀਆਂ) ਆਖਣੀਆਂ ਜਾਂ ਅਖਵਾਣੀਆਂ—ਇਹ ਰਸਤਾ ਹੈ ਦੁਨੀਆ ਤੋਂ ਸੋਭਾ ਖੱਟਣ ਦਾ। ਗੁਰੂ ਦੀ ਸਰਨ ਪਿਆ ਹੋਇਆ ਕੋਈ ਵਿਰਲਾ ਮਨੁੱਖ ਹੁੰਦਾ ਹੈ ਜੋ (ਗਿਆਨ ਦੀਆਂ ਇਹ ਜ਼ਬਾਨੀ ਜ਼ਬਾਨੀ ਗੱਲਾਂ) ਆਖਣ ਤੋਂ ਆਜ਼ਾਦ ਰਹਿੰਦਾ ਹੈ।3।

ਹੇ ਨਾਨਕ! ਜਿਸ ਮਨੁੱਖ ਨੇ ਸੰਤ ਜਨਾਂ ਦੇ ਚਰਨਾਂ ਦੀ ਧੂੜ (ਦਾ) ਦਾਨ ਪ੍ਰਾਪਤ ਕਰ ਲਿਆ ਹੈ, ਉਸ ਨੂੰ ਇਸ ਗੱਲ ਵਲ ਧਿਆਨ ਹੀ ਨਹੀਂ ਹੁੰਦਾ ਕਿ ਮੁਕਤੀ ਕੀਹ ਹੈ ਤੇ ਨਾ-ਮੁਕਤੀ ਕੀਹ ਹੈ (ਉਸ ਨੂੰ ਪ੍ਰਭੂ ਹੀ ਹਰ ਥਾਂ ਦਿੱਸਦਾ ਹੈ, ਪ੍ਰਭੂ ਦੀ ਯਾਦ ਹੀ ਉਸ ਦਾ ਨਿਸ਼ਾਨਾ ਹੈ)।4। 26। 96।